## ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 05-10-2023**

- ਉੱਜਵਲਾ ਯੋਜਨਾ ਦੇ ਲਾਭਪਾਤਰੀਆਂ ਨੇ LPG ਸਬਸਿਡੀ ਵਿੱਚ 100 ਰੁਪਏ ਦੇ ਵਾਧੇ ਨੂੰ, ਦੀਵਾਲੀ ਦਾ ਤੋਹਫਾ ਦੱਸਦਿਆਂ ਕੇਂਦਰ ਸਰਕਾਰ ਦਾ ਧੰਨਵਾਦ ਕੀਤਾ ।
- ਪੰਜਾਬ ਕੈਬਨਿਟ ਨੇ ਸਪੱਸ਼ਟ ਕੀਤਾ ਏ, ਕਿ ਕਿਸੇ ਹੋਰ ਨੂੰ ਦੇਣ ਲਈ, ਸੂਬੇ ਕੋਲ ਇਕ ਵੀ ਬੂੰਦ ਵਾਧੂ ਪਾਣੀ ਨਹੀਂ ਏ।
- BJP ਦੇ ਕੌਮੀ ਬੁਲਾਰੇ ਜੈਵੀਰ ਸ਼ੇਰਗਿੱਲ ਨੇ ਖਰਾਬ ਮਾਲੀ ਹਾਲਤ ਲਈ, ਆਮ ਆਦਮੀ ਪਾਰਟੀ ਸਰਕਾਰ ਦੀ ਤਿੱਖੀ ਆਲੋਚਨਾ ਕੀਤੀ।
- ਪੰਜਾਬ ਵਿਚ ਪਰਾਲੀ ਸਾੜਨ ਦੇ ਮਾਮਲੇ ਦਿਨੋਂ-ਦਿਨ ਵਧਣ ਲਗੇ, ਅੰਮ੍ਰਿਤਸਰ ਵਿਚ ਸਬ ਨਾਲੋਂ ਵੱਧ ਥਾਂਵਾਂ 'ਤੇ ਪਰਾਲੀ ਨੂੰ ਅੱਗ ਲਾਈ ਗਈ ਏ।

---

ਕੇਂਦਰ ਸਰਕਾਰ ਨੇ ਉੱਜਵਲਾ ਯੋਜਨਾ ਦੇ ਲਾਭਪਾਤਰੀਆਂ ਲਈ ਪ੍ਰਤੀ

ਸਿਲੰਡਰ LPG ਸਬਸਿਡੀ ਵਿੱਚ 100 ਰੁਪਏ ਦਾ ਵਾਧਾ ਕੀਤਾ ਏ । ਯੋਜਨਾ ਦੇ ਲਾਭਪਾਤਰੀਆਂ ਨੂੰ ਹੁਣ ਮੌਜੂਦਾ 200 ਰੁਪਏ ਪ੍ਰਤੀ ਸਿਲੰਡਰ ਦੀ ਥਾਂ ਤੇ 300 ਰੁਪਏ ਪ੍ਰਤੀ ਸਿਲੰਡਰ ਦੀ ਸਬਸਿਡੀ ਮਿਲੇਗੀ । ਲਾਭਪਾਤਰੀਆਂ ਨੇ ਇਹ ਸਬਸਿਡੀ ਨੂੰ ਵਧਾਉਣ ਦਾ ਸਵਾਗਤ ਕੀਤਾ ਏ ਅਤੇ ਇਸ ਨੂੰ ਦੀਵਾਲੀ ਦਾ ਤੋਹਫਾ ਦੱਸਦਿਆਂ, ਕੇਂਦਰ ਦਾ ਧੰਨਵਾਦ ਕੀਤਾ ਏ ।

---------------------------------------------------------------

ਪੰਜਾਬ ਮੰਤਰੀ ਮੰਡਲ ਦੀ ਅਹਿਮ ਮੀਟਿੰਗ ਅੱਜ ਚੰਡੀਗੜ੍ਹ ਵਿਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਹੋਈ । ਕੈਬਿਨੇਟ ਮੰਤਰੀਆਂ ਹਰਪਾਲ ਸਿੰਘ ਚੀਮਾ, ਚੇਤਨ ਸਿੰਘ ਜੋੜਾਮਾਜਰਾ, ਹਰਭਜਨ ਸਿੰਘ ETO ਅਤੇ ਆਮ ਆਦਮੀ ਪਾਰਟੀ ਦੇ ਕਾਰਜਕਾਰੀ ਪ੍ਰਧਾਨ ਪ੍ਰਿੰਸੀਪਲ ਬੁੱਧ ਰਾਮ ਨੇ, ਇਕ ਪ੍ਰੈਸ ਕਾਨਫਰੰਸ ਮੀਟਿੰਗ ਦੇ ਫੈਸਲਿਆਂ ਸਬੰਧੀ ਜਾਣਕਾਰੀ ਦਿੱਤੀ । ਉਨ੍ਹਾਂ ਦੱਸਿਆ ਕਿ ਪਿਛਲੇ ਲੰਮੇ ਸਮੇਂ ਤੋਂ ਪਏ ਕੁਝ ਕੈਦੀਆਂ ਦੀ ਰਿਹਾਈ ਦੇ ਫੈਸਲੇ ਨੂੰ ਮਨਜ਼ੂਰੀ ਦਿੱਤੀ ਗਈ ਏ । ਉਨ੍ਹਾਂ ਕਿਹਾ ਕਿ SYL ਨੂੰ ਲੈ ਕੇ ਵੀ ਚਰਚਾ ਕੀਤੀ ਗਈ ਅਤੇ ਕੈਬਨਿਟ ਤੇ ਆਮ ਆਦਮੀ ਪਾਰਟੀ ਨੇ ਸਪੱਸ਼ਟ ਕੀਤਾ ਏ ਕਿ ਪੰਜਾਬ ਕੋਲ ਇਕ ਵੀ ਬੂੰਦ ਵਾਧੂ ਪਾਣੀ ਨਹੀਂ ਏ । ਉਨ੍ਹਾਂ ਇਹ ਵੀ ਕਿਹਾ ਕਿ ਆਉਣ ਵਾਲੇ

ਦਿਨਾਂ ਵਿੱਚ ਵਿਧਾਨਸਭਾ ਦਾ ਮਾਨਸੂਨ ਇਜਲਾਸ ਬੁਲਾਉਣ ਦਾ ਫੈਸਲਾ ਵੀ ਲਿਆ ਗਿਆ ਅਤੇ ਸਪੀਕਰ ਦੇ ਵਿਦੇਸ਼ ਤੋਂ ਪਰਤਣ ਮਗਰੋਂ ਇਸਦੀ ਤਰੀਕ ਦਾ ਐਲਾਨ ਕਰ ਦਿੱਤਾ ਜਾਵੇਗਾ।

---------------------------------------------------

ਪੰਜਾਬ ਦੇ ਐਡਵੋਕੇਟ ਜਨਰਲ ਏ.ਜੀ ਵਿਨੋਦ ਘਈ ਨੇ ਅਸਤੀਫਾ ਦੇ ਦਿੱਤਾ ਏ। ਸਰਕਾਰ ਨੇ ਸੀਨੀਅਰ ਵਕੀਲ ਗੁਰਮਿੰਦਰ ਸਿੰਘ ਗੈਰੀ ਨੂੰ ਪੰਜਾਬ ਦਾ ਨਵਾਂ ਏ.ਜੀ. ਲਗਾਇਆ ਏ। ਸੂਬਾ ਕੈਬਿਨੇਟ ਦੀ ਅੱਜ ਚੰਡੀਗੜ੍ਹ ਵਿਚ ਹੋਈ ਇਕ ਮੀਟਿੰਗ ਵਿਚ ਵਿਨੋਦ ਘਈ ਦਾ ਅਸਤੀਫਾ ਪ੍ਰਵਾਨ ਕੀਤਾ ਗਿਆ ਅਤੇ ਗੁਰਮਿੰਦਰ ਸਿੰਘ ਦੇ ਨਾਂ ਨੂੰ ਮਨਜ਼ੂਰੀ ਦਿੱਤੀ ਗਈ।

---------------------------------------------------

ਭਾਰਤੀ ਫੌਜ ਦੇ ਮਾਣਮੱਤੇ ਇਤਿਹਾਸ ਅਤੇ ਸੰਚਾਲਨ ਦੀ ਤਿਆਰੀ ਬਾਰੇ ਜਾਣੂ ਕਰਵਾਉਣ ਲਈ, ਮੀਡੀਆ ਨੁਮਾਇੰਦਿਆਂ ਨੂੰ ਅੱਜ ਮਿਲਟਰੀ ਸਟੇਸ਼ਨ ਪਟਿਆਲਾ ਵਿਖੇ ਸਾਜ਼ੋ-ਸਾਮਾਨ ਦੇ ਪ੍ਰਦਰਸ਼ਨ ਲਈ 'ਸੇਨੋਟਾਫ' ਵਾਰ ਮੈਮੋਰੀਅਲ' ਅਤੇ 'ਖੜਗਾ ਕੋਰ ਬੈਟਲ ਸਕੂਲ' ਦਾ ਦੌਰਾ ਕਰਵਾਇਆ ਗਿਆ। 'ਸਿਵਲ ਅਥਾਰਟੀਆਂ ਦੀ ਮਦਦ' ਅਤੇ 'ਹੜ੍ਹ ਰਾਹਤ' ਦੇ ਹਿੱਸੇ ਵਜੋਂ ਭਾਰਤੀ ਫੌਜ ਵਲੋਂ ਸਮੇਂ-

ਸਮੇਂ 'ਤੇ ਕੀਤੀਆਂ ਗਈਆਂ ਵੱਖ-ਵੱਖ ਗਤੀਵਿਧੀਆਂ ਬਾਰੇ ਵੀ ਉਨ੍ਹਾਂ ਨੂੰ ਜਾਣੂ ਕਰਵਾਇਆ ਗਿਆ। ਪਾਵਰ ਪੁਆਇੰਟ ਪੇਸ਼ਕਾਰੀ ਰਾਹੀਂ, ਮੀਡੀਆ ਟੀਮ ਨੂੰ ਭਾਰਤੀ ਫੌਜ, ਖਾਸ ਤੌਰ ਤੇ ਐਰਾਵਤ ਡਿਵੀਜ਼ਨ ਦੀ ਭੂਮਿਕਾ ਤੇ ਸੰਗਠਨ ਬਾਰੇ ਦੱਸਿਆ ਗਿਆ । ਸਾਲ 1965 ਤੇ 1971 ਦੀ ਭਾਰਤ-ਪਾਕਿਸਤਾਨ ਜੰਗ ਵਿੱਚ ਐਰਾਵਤ ਡਿਵੀਜ਼ਨ ਦੇ ਬਹਾਦਰ ਜਵਾਨਾਂ ਦੀ ਭੂਮਿਕਾ ਬਾਰੇ ਇੱਕ ਫਿਲਮ ਰਾਹੀਂ ਜਾਣਕਾਰੀ ਦਿੱਤੀ ਗਈ । ਮੀਡੀਆ ਟੀਮ ਨੂੰ ਸੰਚਾਲਨ ਤਿਆਰੀ ਸਿਖਲਾਈ ਸਥਾਨ 'ਤੇ ਲਿਜਾਇਆ ਗਿਆ ਅਤੇ ਵੱਖ-ਵੱਖ ਟੈਂਕਾਂ, ਐਮਰਜੈਂਸੀ ਬ੍ਰਿਜ, ਮਸ਼ੀਨ ਗਨ ਤੇ ਮੋਬਾਈਲ ਵਰਕਸ਼ਾਪਾਂ ਸਮੇਤ ਫੌਜੀ ਸਾਜ਼ੋ-ਸਾਮਾਨ ਦੀ ਕਾਰਜਪ੍ਰਣਾਲੀ ਅਤੇ ਸਿਖਲਾਈ ਦਿਖਾਈ ਗਈ। ਇਸ ਦੌਰੇ ਦਾ ਮੰਤਵ, ਫੌਜ ਤੇ ਮੀਡੀਆ ਵਿਚਾਲੇ ਆਪਸੀ ਭਰੋਸਾ ਅਤੇ ਤਾਲਮੇਲ ਵਧਾਉਣਾ ਰਿਹਾ।

---------------------------------------------------------

ਪਰਵਿੰਦਰ ਸਿੰਘ ਦਾ ਅੱਜ ਸੰਗਰੂਰ ਜ਼ਿਲੇ ਦੀ ਸੁਨਾਮ ਤਹਿਸੀਲ ਵਿਚ, ਉਨ੍ਹਾਂ ਦੇ ਜੱਦੀ ਪਿੰਡ ਛਾਜਲੀ ਵਿਖੇ, ਸਰਕਾਰੀ ਅਤੇ ਫੌਜੀ ਸਨਮਾਨਾਂ ਨਾਲ ਅੰਤਮ ਸਸਕਾਰ ਕਰ ਦਿੱਤਾ ਗਿਆ । ਪਰਿਵਾਰਕ ਮੈਂਬਰਾਂ ਦੇ ਨਾਲ-ਨਾਲ ਹਜ਼ਾਰਾਂ ਲੋਕਾਂ ਨੇ ਨਮ ਅੱਖਾਂ ਨਾਲ ਸ਼ਹੀਦ ਨੂੰ

ਅੰਤਮ ਵਿਦਾਇਗੀ ਦਿੱਤੀ। ਫ਼ੌਜੀ ਜਵਾਨਾਂ ਦੀ ਇੱਕ ਟੁਕੜੀ ਨੇ ਹਥਿਆਰ ਝੁਕਾ ਕੇ ਸ਼ਹੀਦ ਨੂੰ ਸਲਾਮੀ ਦਿੱਤੀ। ਪੰਜਾਬ ਸਰਕਾਰ ਵਲੋਂ ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਤੇ ਪੁਲਿਸ ਵੱਲੋਂ ਐਸ.ਪੀ. ਰਾਕੇਸ਼ ਕੁਮਾਰ ਅਤੇ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਵਲੋਂ ਉਨਾਂ ਦੇ ਓ.ਐਸ.ਡੀ. ਤਪਿੰਦਰ ਸਿੰਘ ਸੋਹੀ ਨੇ ਸ਼ਹੀਦ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਸ਼ਹੀਦ ਪਰਮਿੰਦਰ ਪੰਜਾਬ ਸਿੱਖ ਰੈਜੀਮੈਂਟ ਯੂਨਿਟ ਨਾਲ ਸਬੰਧਤ ਸਨ ਅਤੇ ਪਿਛਲ਼ੇ ਕਰੀਬ 7 ਸਾਲਾਂ ਤੋਂ, ਫੌਜ ਵਿਚ ਸੇਵਾਵਾਂ ਨਿਭਾਅ ਰਹੇ ਸਨ। ਉਹ ਆਪਣੇ ਪਿੱਛੇ ਬਜ਼ੁਰਗ ਮਾਤਾ-ਪਿਤਾ, ਪਤਨੀ ਤੇ ਭਰਾ ਛੱਡ ਗਏ ਨੇ।

---------------------------------------------------------

ਭਾਰਤੀ ਜਨਤਾ ਪਾਰਟੀ ਦੇ ਕੌਮੀ ਬੁਲਾਰੇ ਜੈਵੀਰ ਸ਼ੇਰਗਿੱਲ ਨੇ ਕਿਹਾ ਏ, ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਸ਼ਾਸਨ ਦੌਰਾਨ, ਪੰਜਾਬ ਦੀ ਮਾੜੀ ਮਾਲੀ ਹਾਲਤ ਬਾਰੇ ਉਨ੍ਹਾਂ ਦੀਆਂ ਚਿੰਤਾਵਾਂ ਸਹੀ ਸਾਬਤ ਹੋਈਆਂ ਨੇ ਕਿਉਂਕਿ ਸਰਕਾਰ ਨੇ ਆਪਣੇ ਡੇਢ ਸਾਲ ਦੇ ਛੋਟੇ ਕਾਰਜਕਾਲ ਦੌਰਾਨ ਹੀ 50 ਹਜ਼ਾਰ ਕਰੋੜ ਰੁਪਏ ਦਾ ਕਰਜ਼ਾ ਲੈਣ ਦੀ ਗੱਲ ਮੰਨੀ ਏ। ਚੰਡੀਗੜ੍ਹ ਤੋਂ ਅੱਜ ਜਾਰੀ ਇਕ ਬਿਆਨ ਵਿਚ ਉਨਾਂ ਕਿਹਾ ਕਿ ਰਾਜਪਾਲ ਬਨਵਾਰੀ ਲਾਲ ਪੁਰੋਹਿਤ ਨੂੰ ਲਿਖੇ ਪੱਤਰ ਵਿੱਚ, ਮੁਖ ਮੰਤਰੀ

ਨੇ ਖੁਦ ਮੰਨਿਆ ਏ ਕਿ ਸੂਬੇ ਦੀ ਮਾਲੀ ਹਾਲਤ ਠੀਕ ਨਹੀਂ ਏ। ਇਸ ਤੋਂ ਇਲਾਵਾ ਕਰਜ਼ੇ ਦੀ ਵਰਤੋਂ ਦੇ ਵੇਰਵਿਆਂ ਸਬੰਧੀ ਵੀ ਸਪੱਸ਼ਟ ਕਿਹਾ ਏ ਕਿ ਡੇਢ ਸਾਲ ਦੇ ਕਾਰਜਕਾਲ ਦੌਰਾਨ, ਕਰਜ਼ੇ ਵਿੱਚ 47 ਹਜ਼ਾਰ 107 ਕਰੋੜ 60 ਲੱਖ ਰੁਪਏ ਦਾ ਵਾਧਾ ਹੋਇਆ ਏ। ਸ਼ੇਰਗਿੱਲ ਨੇ ਕਿਹਾ ਕਿ ਇਹ ਸੂਬੇ ਦੀ ਆਰਥਿਕ ਹਾਲਤ ਠੀਕ ਹੋਣ ਬਾਰੇ ਸਰਕਾਰ ਦੇ ਦਾਅਵਿਆਂ ਨੂੰ, ਨਾ ਸਿਰਫ ਪੂਰੀ ਤਰ੍ਹਾਂ ਨਕਾਰਦਾ ਏ ਸਗੋਂ ਸਪਸ਼ਟ ਕਰਦਾ ਏ, ਕਿ ਅਰਥ ਵਿਵਸਥਾ ਮੰਦਹਾਲੀ ਦੀ ਸਥਿਤੀ ਵਿੱਚ ਏ ਅਤੇ ਬਹੁਤ ਹੀ ਮਾੜੇ ਦੌਰ ਵਿੱਚੋਂ ਲੰਘ ਰਹੀ ਏ।

-------------------------------------------------------

ਪੰਜਾਬ ਵਿੱਚ ਇਨ੍ਹੀਂ ਦਿਨੀਂ ਝੋਨੇ ਦੀ ਵਾਢੀ ਦਾ ਸੀਜ਼ਨ ਚੱਲ ਰਿਹਾ ਏ। ਪੰਜਾਬ ਸਰਕਾਰ ਵੱਲੋਂ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਲਗਾਉਣ ਸਬੰਧੀ ਜਾਗਰੂਕ ਕਰਨ ਦੇ ਮੰਤਵ ਨਾਲ, ਪਿਛਲੇ ਲੰਮੇ ਸਮੇਂ ਤੋਂ ਮੁਹਿੰਮ ਚਲਾਈ ਜਾ ਰਹੀ ਏ। ਇਸ ਦੌਰਾਨ ਕਿਸਾਨਾਂ ਨੂੰ, ਪਰਾਲੀ ਦੇ ਸੁਚੱਜੇ ਪ੍ਰਬੰਧਨ ਅਤੇ ਇਸਨੂੰ ਖੇਤਾਂ ਵਿਚ ਹੀ ਰਲਾਉਣ ਬਾਰੇ ਜਾਣਕਾਰੀ ਦਿੱਤੀ ਜਾ ਰਹੀ ਏ। ਪਰ ਇਸ ਦੇ ਬਾਵਜੂਦ, ਸੂਬੇ ਦੇ ਕਈ ਜ਼ਿਲ੍ਹਿਆਂ ਵਿੱਚ ਪਰਾਲੀ ਸਾੜਨ ਦੀਆਂ ਘਟਨਾਵਾਂ ਲਗਾਤਾਰ ਸਾਹਮਣੇ ਆ ਰਹੀਆਂ ਨੇ। ਅੱਜ ਅਜਿਹੀਆਂ 98 ਘਟਨਾਵਾਂ ਰਿਪੋਰਟ ਕੀਤੀਆਂ ਗਈਆਂ ਨੇ।

**ਵੇਰਵਾ ਇਸ ਰਿਪੋਰਟ ਵਿਚ-** *ਡਿਸਪੈਚ: ਸੂਬੇ ਵਿਚ ਪਰਾਲੀ ਸਾੜਨ 'ਤੇ ਧਾਰਾ 144 ਤਹਿਤ ਪੂਰੀ ਤਰ੍ਹਾਂ ਨਾਲ ਪਾਬੰਦੀ ਲਗਾਈ ਗਈ ਏ। ਇਸ ਦੇ ਬਾਵਜੂਦ ਪਰਾਲੀ ਸਾੜਨ ਦੇ ਮਾਮਲੇ ਦਿਨੋਂ-ਦਿਨ ਵਧਦੇ ਜਾ ਰਹੇ ਨੇ । ਵਾਢੀ ਸ਼ੁਰੂ ਹੋਣ ਦੇ 5 ਦਿਨਾਂ ਦੇ ਅੰਦਰ ਹੀ ਇਹ ਗਿਣਤੀ 650 ਤੋਂ ਵੱਧ ਹੋ ਗਈ ਏ । ਪਰਾਲੀ ਨੂੰ ਖੇਤਾਂ ਵਿਚ ਹੀ ਸਾੜਨ ਦੀਆਂ ਘਟਨਾਵਾਂ ਵਿਚ ਸਰਹੱਦੀ ਜ਼ਿਲ੍ਹਾ ਅੰਮ੍ਰਿਤਸਰ ਸਬ ਤੋਂ ਅਗੇ ਏ ਜਿਥੇ ਕੁਲ ਘਟਨਾਵਾਂ ਦੇ ਕੋਈ 70 ਫੀਸਦੀ ਮਾਮਲੇ ਸਾਹਮਣੇ ਆਏ ਨੇ। ਇਸਤੋਂ ਅਲਾਵਾ ਤਰਨਤਾਰਨ, ਕਪੂਰਥਲਾ, ਪਟਿਆਲਾ, ਸਾਹਿਬਜ਼ਾਦਾ ਅਜੀਤ ਸਿੰਘ ਨਗਰ, ਫਾਜ਼ਿਲਕਾ, ਰੂਪਨਗਰ ਅਤੇ ਜਲੰਧਰ ਜ਼ਿਲ੍ਹਿਆਂ ਵਿੱਚ ਵੀ ਕੁਝ ਘਟਨਾਵਾਂ ਸਾਹਮਣੇ ਆਇਆਂ ਨੇ । ਜਾਣਕਾਰੀ ਅਨੁਸਾਰ ਹਾਲੇ ਤਕ ਸਿਰਫ ਕੁਛ ਮਾਮਲਿਆਂ ਵਿਚ ਹੀ ਕਾਰਵਾਈ ਹੋਈ ਏ। ਸੂਤਰਾਂ ਦਾ ਕਹਿਣਾ ਏ ਕਿ ਵੱਖ-ਵੱਖ ਜ਼ਿਲ੍ਹਿਆਂ ਵਿੱਚ ਪ੍ਰਸ਼ਾਸਨ ਵੱਲੋਂ ਸਖ਼ਤ ਕਾਰਵਾਈ ਕਾਰਨ ਵਿਚ ਢਿਲ ਮੱਠ ਹੀ ਪਰਾਲੀ ਸਾੜਨ ਦੀਆਂ ਘਟਨਾਵਾਂ ਵਿੱਚ ਲਗਾਤਾਰ ਵਾਧੇ ਦਾ ਵੱਡਾ ਕਾਰਨ ਬਣ ਰਿਹਾ ਏ । ਪਰਾਲੀ ਸਾੜਨ ਨਾਲ ਸੂਬੇ ਵਿੱਚ ਹਵਾ ਦਾ ਗੁਣਵੱਤਾ ਸੂਚਕ ਅੰਕ ਵੀ ਵਿਗੜਨਾ ਸ਼ੁਰੂ ਹੋ ਗਿਆ ਏ । ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ।*

---------------------------------------------------------------

ਸ੍ਰੀ ਮੁਕਤਸਰ ਸਾਹਿਬ ਜ਼ਿਲੇ ਵਿਚ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾਉਣ ਸੰਬੰਧੀ ਚਲਾਈ ਜਾ ਰਹੀ ਜਾਗਰੂਕਤਾ ਮੁਹਿੰਮ ਦੇ ਮੱਦੇਨਜ਼ਰ, ਜਿਲ੍ਹਾ ਪੱਧਰ ‘ਤੇ ਵੱਖ-ਵੱਖ ਪਿੰਡਾਂ ਦੇ ਸਰਪੰਚਾਂ ਨਾਲ 2 ਦਿਨਾਂ ਮੀਟਿੰਗ ਤੇ ਟਰੇਨਿੰਗ ਕ੍ਰਿਸ਼ੀ ਵਿਗਿਆਨ ਕੇਂਦਰ, ਗੋਨੇਆਣਾ ਵਿਖੇ ਅੱਜ ਆਯੋਜਿਤ ਕੀਤੀ ਗਈ। ਜ਼ਿਲੇ ਦੇ ਡਿਪਟੀ ਕਮਿਸ਼ਨਰ ਡਾ. ਰੂਹੀ ਦੁੱਗ ਨੇ ਇਸ ਮੌਕੇ ਸਾਰਿਆਂ ਨੂੰ ਵਾਤਾਵਰਣ ਸਾਫ ਸੁਥਰਾ ਰੱਖਣ ਲਈ ਜ਼ਿਲ੍ਹਾ ਪ੍ਰਸ਼ਾਸਨ ਨੂੰ ਪੂਰਾ ਸਹਿਯੋਗ ਦੇਣ ਅਤੇ ਖੇਤੀਬਾੜੀ ਮਾਹਿਰਾਂ ਵਲੋਂ ਪਰਾਲੀ ਨਾ ਸਾੜਣ ਸਬੰਧੀ ਦਿੱਤੇ ਜਾ ਰਹੇ ਸੁਝਾਵਾਂ ਨੂੰ ਜਰੂਰ ਮੰਨਣ ਦੀ ਅਪੀਲ ਕੀਤੀ। ਉਹਨਾਂ ਕਿਹਾ ਕਿ ਕੁਝ ਕਿਸਾਨ ਬੇਲਰ ਮਸ਼ੀਨਾਂ ਦੀ ਵਰਤੋਂ ਕਰਨ ਉਪਰੰਤ ਬਚਦੀ ਥੋੜ੍ਹੀ ਜਿਹੀ ਪਰਾਲੀ ਨੂੰ ਵੀ ਅੱਗ ਲਗਾ ਦਿੰਦੇ ਨੇ ਜਿਸ ਨਾਲ ਬੇਲਰ ਮਸ਼ੀਨ ਨਾਲ ਸਾਂਭ ਸੰਭਾਲ ਦੀ ਕੋਈ ਮਹੱਤਤਾ ਨਹੀਂ ਰਹਿੰਦੀ। ਇਸ ਦੌਰਾਨ ਪਰਾਲੀ ਨੂੰ ਅੱਗ ਨਾ ਲਗਾਉਣ ਸਬੰਧੀ ਚਲਾਈ ਮੁਹਿੰਮ ਤਹਿਤ ਮਲੋਟ ਬਲਾਕ ਦੇ ਸਮੂਹ ਪਿੰਡਾਂ ਵਿੱਚ ਜਾਗਰੂਕਤਾ ਸਬੰਧੀ ਵੈਨ ਨੂੰ ਤਹਿਸੀਲਦਾਰ ਜਤਿੰਦਰ-ਪਾਲ ਸਿੰਘ ਢਿੱਲੋਂ ਨੇ ਝੰਡੀ ਦੇ ਕੇ ਰਵਾਨਾ ਕੀਤਾ।

---

ਇਸ ਦੌਰਾਨ ਬਰਨਾਲਾ ਜ਼ਿਲੇ ਵਿਚ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਪਿੰਡ ਮਹਿਲ ਕਲਾਂ ਦੇ ਆਸ਼ਾ ਵਰਕਰਾਂ ਨੂੰ ਪਰਾਲੀ ਦੀ ਸਾਂਭ- ਸੰਭਾਲ ਸਬੰਧੀ ਜਾਗਰੂਕ ਕੀਤਾ ਗਿਆ । ਬਲਾਕ ਖੇਤੀਬਾੜੀ ਅਫ਼ਸਰ ਡਾ. ਗੁਰਚਰਨ ਸਿੰਘ ਨੇ ਕਿਹਾ ਕਿ ਪਰਾਲੀ ਖੇਤ ਵਿੱਚ ਹੀ ਵਾਹ ਕੇ, ਨਵੀਆਂ ਤਕਨੀਕਾਂ ਨਾਲ ਕਣਕ ਦੀ ਬਿਜਾਈ ਕੀਤੀ ਜਾਵੇ ਤਾਂ ਜੋ ਆਉਣ ਵਾਲੀਆਂ ਨਸਲਾਂ ਲਈ ਸ਼ੁੱਧ ਵਾਤਾਵਰਨ ਪ੍ਰਦਾਨ ਕੀਤਾ ਜਾ ਸਕੇ । ਉਹਨਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਖੇਤ ਦੀ ਪਰਾਲੀ ਨੂੰ ਬੇਲਰ ਰਾਹੀਂ ਗੰਢਾਂ ਬਣਾਕੇ ਜਾਂ ਤੂੜੀ ਬਣਾਕੇ ਵਪਾਰੀਆਂ ਨੂੰ ਵੇਚਣ । ਖੇਤੀਬਾੜੀ ਵਿਕਾਸ ਅਫਸਰ ਡਾ. ਜਸਮੀਨ ਸਿੰਘ ਸਿੱਧੂ ਨੇ ਆਸ਼ਾ ਵਰਕਰਾਂ ਨੂੰ ਆਪਣੇ ਘਰ ਤੋਂ ਹੀ, ਪਰਾਲੀ ਨੂੰ ਅੱਗ ਨਾ ਲਗਾਉਣ ਦਾ ਉਪਰਾਲਾ ਸ਼ੁਰੂ ਕਰਨ ਦਾ ਪ੍ਰਣ ਕਰਵਾਇਆ।

---

ਰੂਪਨਗਰ ਦੇ ਨਹਿਰੂ ਸਟੇਡੀਅਮ ਵਿਖੇ ਅੱਜ ਆਯੋਜਿਤ ਇੱਕ ਸਮਾਗਮ ਦੌਰਾਨ, ਜ਼ਿਲੇ ਦੇ ਡਿਪਟੀ ਕਮਿਸ਼ਨਰ ਡਾਕਟਰ ਪ੍ਰੀਤੀ ਯਾਦਵ ਨੇ, ਕੇਂਦਰ ਸਰਕਾਰ ਦੀ 'ਮੇਰੀ ਮਾਟੀ-ਮੇਰਾ ਦੇਸ਼' ਮੁਹਿੰਮ ਤਹਿਤ ਜ਼ਿਲ੍ਹੇ ਦੇ ਸ਼ਹੀਦ ਹੋਏ ਜਵਾਨਾਂ ਦੇ ਪਰਿਵਾਰਾਂ ਦੇ ਵਿਹੜੇ ਤੋਂ ਇਕੱਠੀ ਕੀਤੀ

ਮਿੱਟੀ ਨੂੰ ਚੰਡੀਗੜ੍ਹ ਲਈ ਰਵਾਨਾ ਕੀਤਾ। ਨਵੀਂ ਦਿੱਲੀ ਵਿਚ ਸ਼ਹੀਦਾਂ ਦੀ ਯਾਦਗਾਰ ਸਥਾਪਿਤ ਕਰਨ ਲਈ, ਦੇਸ਼ ਭਰ ਤੋਂ ਵੱਖ-ਵੱਖ ਸ਼ਹੀਦ ਪਰਿਵਾਰਾਂ ਦੇ ਵਿਹੜੇ ਦੇ ਮਿੱਟੀ ਇਕੱਠੀ ਕੀਤੀ ਜਾ ਰਹੀ ਏ। ਇਸ ਮੌਕੇ ਡਾਕਟਰ ਪ੍ਰੀਤੀ ਯਾਦਵ ਨੇ ਕਿਹਾ ਕਿ ਦੇਸ਼ ਪ੍ਰਤੀ ਫਰਜ ਨਿਭਾਉਂਦੇ ਹੋਏ ਅਤੇ ਆਪਣੇ ਰਾਸ਼ਟਰੀ ਫਰਜ ਪ੍ਰਤੀ ਜਾਗਰੂਕਤਾ ਪੈਦਾ ਕਰਨ ਦੇ ਨਾਲ ਨਾਲ ਦੇਸ਼ ਦੇ ਸ਼ਹੀਦਾਂ ਦਾ ਸਨਮਾਨ ਹਮੇਸ਼ਾ ਆਪਣੇ ਦਿਲ ਵਿੱਚ ਰੱਖਣ ਦੀ ਇੱਛਾ ਦੇ ਨਾਲ ਹੀ, ਇਹ ਪ੍ਰੋਗਰਾਮ ਚਲਾਇਆ ਜਾ ਰਿਹਾ ਏ। ਉਨਾਂ ਦੱਸਿਆ ਕਿ ਚੰਡੀਗੜ੍ਹ ਤੋਂ ਇਸ ਮਿੱਟੀ ਨੂੰ ਦਿੱਲੀ ਲਿਜਾਇਆ ਜਾਵੇਗਾ।

------------------------------------------------

ਗੁਰਦਾਸਪੁਰ ਜ਼ਿਲੇ ਵਿਚ ਨਗਰ ਕੌਂਸਲ ਧਾਰੀਵਾਲ ਦੀ ਸਵੱਛ ਭਾਰਤ ਟੀਮ ਨੇ ‘ਮੇਰੀ ਮਾਟੀ ਮੇਰਾ ਦੇਸ਼’ ਮੁਹਿੰਮ ਤਹਿਤ ਅੱਜ ਧਾਰੀਵਾਲ ਸ਼ਹਿਰ ਦੇ ਵੱਖ-ਵੱਖ ਵਾਰਡਾਂ ਵਿੱਚ ਜਾ ਕੇ, ‘ਵੀਰਾਂ ਦੇ ਸਨਮਾਨ ਵਿੱਚ ਕਲਸ਼ ਯਾਤਰਾ’ ਕੱਢੀ ਅਤੇ ਕਲਸ਼ ਵਿੱਚ ਸ਼ਹਿਰ ਵਾਸੀਆਂ ਤੋਂ ਮਿੱਟੀ ਪਵਾਈ ਗਈ। ਇਸ ਤੋਂ ਇਲਾਵਾ ਵੱਖ-ਵੱਖ ਸਕੂਲਾਂ ਦੇ ਵਿਦਿਆਥੀਆਂ ਨੇ ਵੀ ਇਸ ਮੁਹਿੰਮ ਵਿੱਚ ਹਿੱਸਾ ਲਿਆ ਅਤੇ ਸੂਰਵੀਰਾਂ ਨੂੰ ਯਾਦ ਕੀਤਾ। ਕਲਸ਼ ਵਿੱਚ ਮਿੱਟੀ ਪਾ ਕੇ ਵਿਦਿਆਥੀਆਂ ਨੇ ਦੇਸ਼ ਪ੍ਰਤੀ ਆਪਣੇ ਫਰਜ਼ਾਂ ਤੇ ਜ਼ਿੰਮੇਵਾਰੀਆਂ ਨੂੰ ਨਿਭਾਉਣ ਅਤੇ ਦੇਸ਼ ਦੀ ਸ਼ਾਨ ਲਈ ਆਪਣੀਆਂ

ਜਾਨਾਂ ਕੁਰਬਾਨ ਕਰਨ ਵਾਲ਼ੇ ਯੋਧਿਆਂ ਦੇ ਰਸਤੇ ’ਤੇ ਚੱਲਣ ਦਾ ਪ੍ਰਣ ਲਿਆ । ਇਸ ਮੌਕੇ ਸੈਨੇਟਰੀ ਇੰਸਪੈਕਟਰ ਸੰਜੀਵ ਸੋਨੀ ਸਮੇਤ ਧਾਰੀਵਾਲ ਸ਼ਹਿਰ ਦੀ ਸਵੱਛ ਭਾਰਤ ਟੀਮ ਅਤੇ ਹੋਰ ਸ਼ਹਿਰ ਵਾਸੀ ਹਾਜ਼ਰ ਰਹੇ ।

---------------------------------------------------------------------

ਚੀਨ ਦੇ ਹਾਂਗਜ਼ੂ ਵਿਖੇ ਚਲ ਰਹੀਆਂ 19ਵੀਆਂ ਏਸ਼ਿਆਈ ਖੇਡਾਂ ਵਿੱਚ, ਭਾਰਤ ਨੇ ਅੱਜ 12ਵੇਂ ਦਿਨ 3 ਸੋਨੇ, 1 ਚਾਂਦੀ ਅਤੇ 1 ਕਾਂਸੇ ਦਾ ਤਮਗਾ ਜਿਤਿਆ ।ਭਾਰਤ ਨੇ ਹੁਣ ਤਕ 21 ਸੋਨੇ , 32 ਚਾਂਦੀ ਅਤੇ 33 ਕਾਂਸੀ ਦੇ ਤਮਗਿਆਂ ਸਮੇਤ ਭਾਰਤ ਨੇ ਹੁਣ ਤਕ ਕੁਲ 84 ਤਮਗੇ ਹਾਸਲ ਕੀਤੇ ਨੇ। ਤਮਗਾ ਸੂਚੀ ਵਿੱਚ ਭਾਰਤ ਚੌਥੇ ਸਥਾਨ 'ਤੇ ਬਣਿਆ ਹੋਇਆ ਏ ।